# ਦਫ਼ਤਰ ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
## (ਫੁਟਕਲ ਸ਼ਾਖਾ)

### ਹੁਕਮ

ਪੰਜਾਬ ਲੋਕ ਸਭਾ ਚੋਣਾਂ-2024 ਮਿਤੀ 01-06-2024 ਨੂੰ ਪੰਜਾਬ ਰਾਜ ਵਿੱਚ ਹੋਣੀਆਂ ਨਿਯਤ ਹੋਈਆ ਹਨ। ਲੋਕ ਪ੍ਰਤੀਨਿਧਤਾ ਐਕਟ, 1951 ਦੀ ਧਾਰਾ 126 ਵਿੱਚ ਕੀਤੀ ਗਈ ਵਿਵਸਥਾ ਅਨੁਸਾਰ ਚੋਣ ਲੜ ਰਹੇ ਉਮੀਦਵਾਰਾਂ ਦੇ ਸਮੱਰਥਕ, ਰਿਸ਼ਤੇਦਾਰ ਅਤੇ ਉਨ੍ਹਾਂ ਨਾਲ ਹਮਦਰਦੀ ਰੱਖਣ ਵਾਲੇ ਵਿਅਕਤੀ ਜੋ ਇਸ ਤੋਂ ਪਹਿਲਾਂ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਨ ਲਈ ਆਏ ਹਨ, ਉਨ੍ਹਾਂ ਨੂੰ ਮਿਤੀ 30-05-2024 ਨੂੰ ਸ਼ਾਮ 06-00 ਵਜੇ ਤੋਂ ਚੋਣ ਪ੍ਰਚਾਰ/ਮੁਹਿੰਮ ਖਤਮ ਹੋਣ ਤੇ ਆਪਣੇ ਉਮੀਦਵਾਰ ਦਾ ਹਲਕਾ ਛੱਡ ਦੇਣਾ ਲੋੜੀਂਦਾ ਹੈ। ਅਜਿਹੇ ਵਿਅਕਤੀਆਂ ਵੱਲੋਂ ਉਮੀਦਵਾਰਾਂ ਦੇ ਹਲਕਿਆਂ ਵਿੱਚ ਵੋਟਾਂ ਪੈਣ ਸਮੇਂ ਹਾਜ਼ਰ ਰਹਿਣ ਨਾਲ ਅਮਨ ਪੂਰਵਕ ਅਤੇ ਸਹੀ ਤਰੀਕੇ ਨਾਲ ਚੱਲ ਰਹੀ ਵੋਟ ਪ੍ਰਕੀਰਿਆ ਪ੍ਰਭਾਵਿਤ ਹੋ ਸਕਦੀ ਹੈ। ਇਸ ਸਥਿੱਤੀ ਨੂੰ ਮੁੱਖ ਰੱਖਦੇ ਹੋਏ ਇਸ ਜ਼ਿਲ੍ਹੇ ਵਿੱਚੋਂ ਉਮੀਦਵਾਰਾ ਦੇ ਰਿਸ਼ਤੇਦਾਰਾਂ ਅਤੇ ਸਮੱਰਥਕਾ ਦਾ ਬਾਹਰ ਜਾਣਾ ਜ਼ਰੂਰੀ ਹੋ ਗਿਆ ਹੈ, ਜੇ ਉਹ ਇਸ ਜਿਲ੍ਹੇ ਦੇ ਵੋਟਰ ਨਹੀਂ ਹਨ।

ਮੈਂ ਆਸ਼ਿਕਾ ਜੈਨ, ਆਈ.ਏ.ਐਸ, ਜਿਲਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਫੋਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦੀ ਹੋਈ ਲੋਕ ਸਭਾ ਚੋਣਾਂ-2024 ਲਈ ਚੋਣ ਲੜ ਰਹੇ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਲਈ ਆਏ ਬਾਹਰਲੇ ਵਿਅਕਤੀਆ, ਰਿਸ਼ਤੇਦਾਰਾਂ ਅਤੇ ਸਮੱਰਥਕਾਂ (ਜੇਕਰ ਉਹ ਇਸ ਜਿਲ੍ਹੇ ਦੇ ਵੋਟਰ ਨਹੀਂ ਹਨ) ਨੂੰ ਆਦੇਸ਼ ਦਿੰਦੀ ਹਾਂ ਕਿ ਉਹ ਮਿਤੀ 30-05-2024 ਨੂੰ ਸ਼ਾਮ 06-00 ਵਜੇ ਚੋਣ ਪ੍ਰਚਾਰ ਖਤਮ ਹੋਣ ਤੋਂ ਤੁਰੰਤ ਬਾਅਦ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਤੋਂ ਬਾਹਰ ਚਲੇ ਜਾਣ।

ਹਾਲਾਤ ਦੀ ਤਤਪਰਤਾ ਨੂੰ ਮੁੱਖ ਰੱਖਦੇ ਹੋਏ ਆਮ ਜਨਤਾ ਦੇ ਨਾਮ ਤੇ ਇਕ ਤਰਫਾ ਹੁਕਮ ਪਾਸ ਕੀਤਾ ਜਾਂਦਾ ਹੈ ।

ਇਹ ਹੁਕਮ ਸਿਵਲ ਪ੍ਰਸੋਨਲ, ਆਰਮੀ ਪ੍ਰਸੋਨਲ, ਪੈਰਾ ਮਿਲਟਰੀ ਫੋਰਸ ਅਤੇ ਬਾਵਰਦੀ ਪੁਲਿਸ ਕਰਮਚਾਰੀਆਂ ਤੇ ਲਾਗੂ ਨਹੀਂ ਹੋਵੇਗਾ।

ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਨੰਬਰ 464/ਆਈ.ਐਨ.ਐਸ.ਟੀ./2011/ ਈ.ਪੀ.ਐਸ ਮਿਤੀ 11 ਅਕਤੂਬਰ, 2011 ਵਿੱਚ ਦਰਸਾਏ ਅਨੁਸਾਰ ਇਹ ਹੁਕਮ ਚੋਣ ਹਲਕੇ ਦੇ ਇਲੈਕਟਿਡ ਮੈਂਬਰ ਪਾਰਲੀਮੈਂਟ, ਹਲਕਾ ਵਿਧਾਇਕਾਂ ਤੇ ਲਾਗੂ ਨਹੀਂ ਹੋਵੇਗਾ ਪਰੰਤੂ ਇਹ ਕੋਈ ਚੋਣ ਪ੍ਰਚਾਰ ਨਹੀਂ ਕਰਨਗੇ ਅਤੇ ਆਪਣੇ ਹੀ ਹਲਕੇ ਵਿੱਚ ਰਹਿਣਗੇ।

ਇਹ ਹੁਕਮ ਮਿਤੀ 30-05-2024 ਨੂੰ ਸ਼ਾਮ 06-00 ਵਜੇ ਤੋਂ ਮਿਤੀ 01-06-2024 ਨੂੰ ਸ਼ਾਮ 06-00 ਵਜੇ ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਹਦੂਦ ਅੰਦਰ ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਚੋਣ ਕਮਿਸ਼ਨ ਵੱਲੋਂ ਜਾਰੀ ਕੀਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਨਾਉਣ ਲਈ ਜ਼ਿਲ੍ਹਾ ਪੁਲਿਸ ਮੁੱਖੀ ਆਪਣੇ ਅਧੀਨ ਪੈਂਦੇ ਥਾਣਿਆਂ ਦੇ ਮੁਖੀਆਂ ਰਾਹੀਂ ਕਲਿਆਣ ਮੰਡਪ/ਕਮਿਊਨਟੀ ਹਾਲ/ਹੋਟਲ/ਲਾਜ/ਰਿਸਟੋਰੈਂਟਾਂ ਆਦਿ ਦੀ ਚੈਕਿੰਗ ਕਰਵਾ ਕੇ ਇਹ ਵੇਖਣਗੇ ਕਿ ਇਨ੍ਹਾਂ ਵਿੱਚ ਬਾਹਰਲੇ ਵਿਅਕਤੀਆਂ ਨੂੰ ਰਿਹਾਇਸ਼ ਮੁੱਹਈਆ ਕੀਤੀ ਗਈ ਅਤੇ ਬਾਹਰਲੇ ਵਿਅਕਤੀਆਂ, ਜੋ ਇਸ ਹਲਕੇ ਦੇ ਵੋਟਰ ਨਹੀਂ ਹਨ, ਦੀ ਸ਼ਨਾਖਤ ਕਰਕੇ ਉਨ੍ਹਾਂ ਦੀਆਂ ਸੂਚੀਆਂ ਬਨਾਉਣਗੇ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਢੋਲ ਵਜਾ ਕੇ, ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆ ਚਸਪਾ ਕਰਕੇ ਰੇਡੀਉ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 28/05/2024 ਨੂੰ ਮੇਰੇ ਹਸਤਾਖ਼ਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
ਆਸ਼ਿਕਾ ਜੈਨ, ਆਈ.ਏ.ਐਸ,
ਜ਼ਿਲ੍ਹਾ ਮੈਜਿਸਟਰੇਟ-ਕਮ-ਜ਼ਿਲ੍ਹਾ ਚੋਣ ਅਫ਼ਸਰ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ:9030-94 /ਐਮ.ਸੀ-1 ਮਿਤੀ: 28.05.2024

ਇਸ ਦਾ ਇੱਕ ਉਤਾਰਾ ਨਿਮਨ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3 ਮੁੱਖ ਚੋਣ ਅਫ਼ਸਰ, ਐਸ.ਸੀ.ਓ ਨੰਬਰ 29-30, ਸੈਕਟਰ-17-ਈ, ਚੰਡੀਗੜ੍ਹ।
4. ਕਮਿਸ਼ਨਰ,ਰੂਪਨਗਰ ਮੰਡਲ, ਰੂਪਨਗਰ।
5. ਡੀ.ਆਈ.ਜੀ. ਰੇਜ, ਰੂਪਨਗਰ।
6. ਜਿਲਾ ਅਤੇ ਸ਼ੈਸ਼ਨ ਜੱਜ, ਰੂਪਨਗਰ।
7. ਵਧੀਕ ਜਿਲਾ ਅਤੇ ਸ਼ੈਸ਼ਨ ਜੱਜ, ਐਸ.ਏ.ਐਸ.ਨਗਰ
8. ਸੀਨੀਅਰ ਪੁਲਿਸ ਕਪਤਾਨ,ਐਸ.ਏ.ਐਸ.ਨਗਰ।
9. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਪਠਾਨਕੋਟ, ਫਾਜ਼ਿਲਕਾ।
10. ਜਿਲਾ ਮੈਜਿਸਟਰੇਟ ਚੰਡੀਗੜ੍ਹ/ਪੰਚਕੂਲਾ
11 ਕਮਿਸ਼ਨਰ, ਨਗਰ ਨਿਗਮ, ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਉਪ ਮੰਡਲ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਖਰੜ, ਡੇਰਾਬਸੀ।
13 ਸਹਾਇਕ ਕਰ ਤੇ ਆਬਕਾਰੀ ਕਮਿਸ਼ਨਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
14. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15 ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਜਿਲਾ ਵਿਕਾਸ ਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
17. ਜ਼ਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
18. ਤਹਿਸੀਲਦਾਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਖਰੜ, ਡੇਰਾਬਸੀ।
19. ਤਹਿਸੀਲਦਾਰ, ਚੋਣਾਂ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
20. ਬੀ.ਡੀ.ਪੀ.ਓ, ਮਾਜਰੀ, ਖਰੜ, ਡੇਰਾਬਸੀ।
21. ਕਾਰਜ ਸਾਧਕ ਅਫ਼ਸਰ, ਮਿਊਂਸਪਲ ਕਮੇਟੀ,ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਉ/ਜੀਰਕਪੁਰ/ਬਨੂੜ/ਲਾਲੜੂ।
22. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
23. ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
24. ਜ਼ਿਲ੍ਹਾ ਸਿੱਖਿਆ ਅਫ਼ਸਰ (ਪ੍ਰਾਇਮਰੀ) ਸਾਹਿਬਜ਼ਾਦਾ ਅਜੀਤ ਸਿੰਘ ਨਗਰ।
25. ਸਕੱਤਰ ਮਾਰਕੀਟ ਕਮੇਟੀ ਖਰੜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ,ਡੇਰਾਬਸੀ,ਕੁਰਾਲੀ।
26. ਪੀ.ਏ.ਟੂ ਡੀ.ਸੀ.ਸਟੈਨੋ ਟੂ ਏ.ਡੀ.ਸੀ. (ਜ)/ਏ.ਡੀ.ਸੀ.(ਵਿ),ਸਟੈਨੋ ਟੂ ਏ.ਸੀ.(ਜੀ), ਸਟੈਨੋ ਟੂ ਸਹਾਇਕ ਕਮਿਸ਼ਨਰ (ਸਿ), ਸਟੈਨੋ ਟੂ.ਡੀ.ਆਰ.ਓ.ਨੂੰ ਅਫ਼ਸਰ ਸਾਹਿਬਾਨ ਦੀ ਸੂਚਨਾ ਹਿੱਤ।

ਸਹਾਇਕ ਕਮਿਸ਼ਨਰ (ਜ),
ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜ਼ਾਦਾ ਅਜੀਤ ਸਿੰਘ ਨਗਰ।